ਮਲਾਰ ਮਹਲਾ ੫ ॥ ਪ੍ਰਭ ਮੇਰੇ ਪ੍ਰੀਤਮ ਪ੍ਰਾਨ ਪਿਆਰੇ ॥ ਪ੍ਰੇਮ ਭਗਤਿ ਅਪਨੋ ਨਾਮੁ ਦੀਜੈ ਦਇਆਲ ਅਨੁਗ੍ਰਹੁ ਧਾਰੇ ॥੧॥ ਰਹਾਉ ॥ ਸਿਮਰਉ ਚਰਨ ਤੁਹਾਰੇ ਪ੍ਰੀਤਮ ਰਿਦੈ ਤੁਹਾਰੀ ਆਸਾ ॥ ਸੰਤ ਜਨਾ ਪਹਿ ਕਰਉ ਬੇਨਤੀ ਮਨਿ ਦਰਸਨ ਕੀ ਪਿਆਸਾ ॥ ੧॥ ਬਿਛੁਰਤ ਮਰਨੁ ਜੀਵਨੁ ਹਰਿ ਮਿਲਤੇ ਜਨ ਕਉ ਦਰਸਨੁ ਦੀਜੈ ॥ ਨਾਮ ਅਧਾਰੁ ਜੀਵਨ ਧਨੁ ਨਾਨਕ ਪ੍ਰਭ ਮੇਰੇ ਕਿਰਪਾ ਕੀਜੈ ॥ ੨॥੫॥੯॥
{ਪੰਨਾ 1268}

ਪਦ ਅਰਥ:- ਪ੍ਰਭ—ਹੇ ਪ੍ਰਭੂ! ਦੀਜੈ—ਦੇਹ। ਦਇਆਲ—ਹੇ ਦਇਆ ਦੇ ਘਰ ਪ੍ਰਭੂ! ਅਨੁਗ੍ਰਹੁ—ਕਿਰਪਾ। ਧਾਰੇ—ਧਾਰ, ਕਰ।1। ਰਹਾਉ।

ਸਿਮਰਉ—ਸਿਮਰਉਂ, ਮੈਂ ਸਿਮਰਦਾ ਹਾਂ। ਪ੍ਰੀਤਮ—ਹੇ ਪ੍ਰੀਤਮ! ਰਿਦੈ—ਹਿਰਦੇ ਵਿਚ। ਪਹਿ—ਪਾਸ, ਕੋਲ। ਕਰਉ—ਕਰਉਂ, ਮੈਂ ਕਰਦਾ ਹਾਂ। ਮਨਿ—ਮਨ ਵਿਚ।1।

ਮਰਨੁ—ਮੌਤ, ਆਤਮਕ ਮੌਤ। ਅਧਾਰੁ—ਆਸਰਾ। ਜੀਵਨ ਧਨੁ—ਆਤਮਕ ਜੀਵਨ ਦਾ ਸਰਮਾਇਆ। ਪ੍ਰਭ—ਹੇ ਪ੍ਰਭੂ!।2।

ਅਰਥ:- ਹੇ ਮੇਰੇ ਪ੍ਰਭੂ! ਹੇ ਮੇਰੇ ਪ੍ਰੀਤਮ! ਹੇ ਮੇਰੀ ਜਿੰਦ ਤੋਂ ਪਿਆਰੇ! ਹੇ ਦਇਆ ਦੇ ਸੋਮੇ ਪ੍ਰਭੂ! (ਮੇਰੇ ਉਤੇ) ਮਿਹਰ ਕਰ। ਮੈਨੂੰ ਆਪਣਾ ਪਿਆਰ ਬਖ਼ਸ਼, ਮੈਨੂੰ ਆਪਣੀ ਭਗਤੀ ਦੇਹ, ਮੈਨੂੰ ਆਪਣਾ ਨਾਮ ਦੇਹ।1। ਰਹਾਉ।

ਹੇ ਪ੍ਰੀਤਮ! ਮੈਂ ਤੇਰੇ ਚਰਨਾਂ ਦਾ ਧਿਆਨ ਧਰਦਾ ਰਹਾਂ, ਮੇਰੇ ਹਿਰਦੇ ਵਿਚ ਤੇਰੀ ਆਸ ਟਿਕੀ ਰਹੀ। ਮੈਂ ਸੰਤ ਜਨਾਂ ਪਾਸ ਬੇਨਤੀ ਕਰਦਾ ਰਹਿੰਦਾ ਹਾਂ (ਕਿ ਮੈਨੂੰ ਤੇਰਾ ਦਰਸਨ ਕਰਾ ਦੇਣ, ਮੇਰੇ) ਮਨ ਵਿਚ (ਤੇਰੇ) ਦਰਸਨ ਦੀ ਬੜੀ ਤਾਂਘ ਹੈ।1।

ਹੇ ਪ੍ਰੀਤਮ ਪ੍ਰਭੂ! ਤੈਥੋਂ ਵਿਛੁੜਿਆਂ ਆਤਮਕ ਮੌਤ ਹੋ ਜਾਂਦੀ ਹੈ, ਤੈਨੂੰ ਮਿਲਿਆਂ ਆਤਮਕ ਜੀਵਨ ਮਿਲਦਾ ਹੈ। ਹੇ ਪ੍ਰਭੂ! ਆਪਣੇ ਸੇਵਕ ਨੂੰ ਦਰਸਨ ਦੇਹ। ਹੇ ਨਾਨਕ! (ਆਖ—) ਹੇ ਮੇਰੇ ਪ੍ਰਭੂ! ਮਿਹਰ ਕਰ, ਤੇਰੇ ਨਾਮ ਦਾ ਆਸਰਾ (ਮੈਨੂੰ ਮਿਲਿਆ ਰਹੇ, ਇਹੀ ਹੈ ਮੇਰੀ) ਜ਼ਿੰਦਗੀ ਦਾ ਸਰਮਾਇਆ।2।5।9।